ਕਾਨੜਾ ਮਹਲਾ ੫ ॥ ਗੋਬਿੰਦ ਠਾਕੁਰ ਮਿਲਨ ਦੁਰਾਈ ॥ ਪਰਮਿਤਿ ਰੂਪੁ ਅਗੰਮ ਅਗੋਚਰ ਰਹਿਓ ਸਰਬ ਸਮਾਈ ॥੧॥ ਰਹਾਉ ॥ ਕਹਨਿ ਭਵਨਿ ਨਾਹੀ ਪਾਇਓ ਪਾਇਓ ਅਨਿਕ ਉਕਤਿ ਚਤੁਰਾਈ ॥੧॥ ਜਤਨ ਜਤਨ ਅਨਿਕ ਉਪਾਵ ਰੇ ਤਉ ਮਿਲਿਓ ਜਉ ਕਿਰਪਾਈ ॥ ਪ੍ਰਭੂ ਦਇਆਰ ਕ੍ਰਿਪਾਰ ਕ੍ਰਿਪਾ ਨਿਧਿ ਜਨ ਨਾਨਕ ਸੰਤ ਰੇਨਾਈ ॥੨॥੨॥੪੭॥ {ਪੰਨਾ 1307}

ਪਦ ਅਰਥ:- ਦੁਰਾਈ—ਕਠਨ, ਔਖਾ। ਪਰਮਿਤਿ—ਮਿਤਿ ਤੋਂ ਪਰੇ, ਅੰਦਾਜ਼ੇ ਤੋਂ ਪਰੇ, ਜਿਸਦੀ ਹਸਤੀ ਦਾ ਅੰਦਾਜ਼ਾ ਨਹੀਂ ਲੱਗ ਸਕਦਾ। ਅਗੰਮ—ਅਪਹੁੰਚ। ਅਗੋਚਰ—(ਅ-ਗੋ-ਚਰ। ਗੋ—ਗਿਆਨ-ਇੰਦ੍ਰੇ) ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਾ ਹੋ ਸਕੇ।1। ਰਹਾਉ।

ਕਹਨਿ—ਕਹਿਣ ਨਾਲ, ਆਖਣ ਨਾਲ, (ਨਿਰਾ) ਜ਼ਬਾਨੀ ਗੱਲਾਂ ਕਰਨ ਨਾਲ। ਭਵਨਿ—ਭੌਣ ਨਾਲ, ਤੀਰਥ ਯਾਤ੍ਰਾ ਆਦਿ ਕਰਨ ਨਾਲ। ਉਕਤਿ—ਦਲੀਲ, ਯੁਕਤੀ।1।

ਉਪਾਵ—(ਲਫ਼ਜ਼ 'ਉਪਾਉ' ਤੋਂ ਬਹੁ-ਵਚਨ) ਹੀਲੇ। ਰੇ—ਹੇ ਭਾਈ! ਤਉ—ਤਦੋਂ। ਜਉ—ਜਦੋਂ। ਦਇਆਰ—ਦਇਆਲ। ਕ੍ਰਿਪਾਰ—ਕਿਰਪਾਲ। ਕ੍ਰਿਪਾਨਿਧਿ—ਕਿਰਪਾ ਦਾ ਖ਼ਜ਼ਾਨਾ। ਰੇਨਾਈ—ਚਰਨ-ਧੂੜ।2।

ਅਰਥ:- ਹੇ ਭਾਈ! ਗੋਬਿੰਦ ਨੂੰ ਠਾਕੁਰ ਨੂੰ ਮਿਲਣਾ ਬਹੁਤ ਔਖਾ ਹੈ। ਉਹ ਪਰਮਾਤਮਾ (ਉਂਞ ਤਾਂ) ਸਭਨਾਂ ਵਿਚ ਸਮਾਇਆ ਹੋਇਆ ਹੈ (ਪਰ) ਉਸ ਦਾ ਸਰੂਪ ਅੰਦਾਜ਼ੇ ਤੋਂ ਪਰੇ ਹੈ, ਉਹ ਅਪਹੁੰਚ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ।1। ਰਹਾਉ।

ਹੇ ਭਾਈ! (ਨਿਰਾ ਗਿਆਨ ਦੀਆਂ) ਗੱਲਾਂ ਕਰਨ ਨਾਲ, (ਤੀਰਥ ਆਦਿਕਾਂ ਤੇ) ਭੌਣ ਨਾਲ ਪਰਮਾਤਮਾ ਨਹੀਂ ਮਿਲਦਾ, ਅਨੇਕਾਂ ਯੁਕਤੀਆਂ ਤੇ ਚਤੁਰਾਈਆਂ ਨਾਲ ਭੀ ਨਹੀਂ ਮਿਲਦਾ।1।

ਹੇ ਭਾਈ! ਅਨੇਕਾਂ ਜਤਨਾਂ ਅਤੇ ਅਨੇਕਾਂ ਹੀਲਿਆਂ ਨਾਲ ਪਰਮਾਤਮਾ ਨਹੀਂ ਮਿਲਦਾ। ਉਹ ਤਦੋਂ ਹੀ ਮਿਲਦਾ ਹੈ ਜਦੋਂ ਉਸ ਦੀ ਆਪਣੀ ਕਿਰਪਾ ਹੁੰਦੀ ਹੈ। ਹੇ ਦਾਸ ਨਾਨਕ! ਦਇਆਲ, ਕਿਰਪਾਲ, ਕਿਰਪਾ ਦਾ ਖ਼ਜ਼ਾਨਾ ਪ੍ਰਭੂ ਸੰਤ ਜਨਾਂ ਦੀ ਚਰਨ-ਧੂੜ ਵਿਚ ਰਿਹਾਂ ਮਿਲਦਾ ਹੈ।2। 2। 47।